# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 25-02-2025**

ਪੰਜਾਬ ਪੁਲਿਸ ਨੇ ਨਸ਼ਿਆਂ ਦੀ ਸਮੱਸਿਆ ਵਿਰੁੱਧ ਵਿੱਢੀ ਮੁਹਿੰਮ ਤਹਿਤ ਲੁਧਿਆਣਾ ਦੇ ਪਿੰਡ ਤਲਵੰਡੀ ਵਿੱਚ ਕਾਰਵਾਈ ਕਰਦੇ ਹੋਏ ਬੀਤੀ ਰਾਤ ਇੱਕ ਡਰੱਗ ਮਾਫੀਆ ਦੇ ਘਰ ਨੂੰ ਬੁਲਡੋਜ਼ਰ ਨਾਲ ਢਾਹ ਦਿੱਤਾ। ਇੱਕ ਸਰਕਾਰੀ ਸੂਤਰ ਨੇ ਸਾਡੇ ਜਲੰਧਰ ਦੇ ਪੱਤਰਕਾਰ ਨੂੰ ਦੱਸਿਆ ਕਿ ਮੁਲਜ਼ਮ ਪਿਛਲੇ ਤਿੰਨ ਸਾਲਾਂ ਤੋਂ ਨਸ਼ਾ ਤਸਕਰੀ ਕਰ ਰਿਹਾ ਸੀ। ਉਸ ਦੇ ਖਿਲਾਫ਼ ਛੇ ਐਫ.ਆਈ.ਆਰ. ਦਰਜ ਨੇ। ਇਸ ਦੌਰਾਨ ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਡਿਪਟੀ ਕਮਿਸ਼ਨਰਾਂ ਨੂੰ ਆਪਣੇ-ਆਪਣੇ ਅਧਿਕਾਰ ਖੇਤਰਾਂ ਵਿੱਚੋਂ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹੋਂ ਖ਼ਤਮ ਕਰਨ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਨੇ। ਡਿਪਟੀ ਕਮਿਸ਼ਨਰਾਂ ਦੀ ਜ਼ਿੰਮੇਵਾਰੀ ਤੈਅ ਕਰਦਿਆਂ ਸ੍ਰੀ ਸਿਨਹਾ ਨੇ ਹਦਾਇਤ ਕੀਤੀ ਕਿ ਇਸ ਸਬੰਧੀ ਜੰਗੀ ਪੱਧਰ ’ਤੇ ਕਾਰਵਾਈ ਕੀਤੀ ਜਾਵੇ ਅਤੇ

ਹਰੇਕ ਡੀਸੀ ਨੂੰ ਆਉਣ ਵਾਲੇ ਦਿਨਾਂ ਵਿੱਚ ਇੱਕ ਮੁਕੰਮਲ ਯੋਜਨਾ ਨਾਲ ਤਿਆਰ ਰਹਿਣਾ ਚਾਹੀਦਾ ਏ।

----------------------------------------------------------------

ਪੰਜਾਬ ਭਰ ਵਿੱਚ ਪੁਲਿਸ ਵੱਲੋਂ ਟਰੈਵਲ ਠੱਗੀ ਖਿਲਾਫ ਸਖਤ ਐਕਸ਼ਨ ਲਿਆ ਜਾ ਰਿਹਾ ਏ। ਇਸੇ ਤਹਿਤ ਫਤਿਹਗੜ੍ਹ ਸਾਹਿਬ ਪੁਲਿਸ ਵੱਲੋਂ ਟਰੈਵਲ ਏਜੰਟਾਂ ਖਿਲਾਫ 35 ਐਫਆਈਆਰ ਦਰਜ ਕੀਤੀਆਂ ਗਈਆਂ ਨੇ। ਵਧੇਰੇ ਜਾਣਕਾਰੀ ਦਿੰਦਿਆਂ ਫਤਿਹਗੜ੍ਹ ਸਾਹਿਬ ਦੇ ਜ਼ਿਲ੍ਹਾ ਪੁਲਿਸ ਮੁਖੀ ਸ਼ੁਭਮ ਅਗਰਵਾਲ ਨੇ ਦੱਸਿਆ

**Byte**

ਜ਼ਿਲ੍ਹਾ ਪੁਲਿਸ ਵੱਲੋਂ ਜ਼ਿਲ੍ਹੇ ਭਰ ਵਿੱਚ 65 ਟਰੈਵਲ ਏਜੰਟਾਂ ਦੀ ਜਾਂਚ ਕੀਤੀ ਗਈ, ਜਿਨਾਂ ਵਿੱਚੋਂ 40 ਦੇ ਕਰੀਬ ਸੈਂਟਰ ਚੱਲ ਰਹੇ ਸੀ ਜਦਕਿ 25 ਸੈਂਟਰ ਬੰਦ ਪਾਏ ਗਏ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ 35 ਐਫਆਈਆਰ ਦਰਜ ਕੀਤੀਆਂ ਜਾ ਚੁੱਕੀਆਂ ਨੇ। ਜ਼ਿਲ੍ਹਾ ਪੁਲਿਸ ਮੁਖੀ ਦੱਸਿਆ ਕਿ ਪੁਲਿਸ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੱਤੇ ਗਏ ਨੇ ਕਿ ਮੁਲਜ਼ਮਾਂ ਦੀ ਜਲਦੀ ਗ੍ਰਿਫਤਾਰੀ ਯਕੀਨੀ ਬਣਾਈ ਜਾਵੇ ਅਤੇ ਮਾਮਲੇ ਦੀ ਤਫਤੀਸ਼ ਜਲਦੀ ਮੁਕੰਮਲ ਕੀਤੀ ਜਾਵੇ।

---

ਪੰਜਾਬ ਵਿੱਚ ਜਨਤਕ ਸਿਹਤ ਬੁਨਿਆਦੀ ਢਾਂਚੇ ਨੂੰ ਹੋਰ ਬਿਹਤਰ ਕਰਨ ਦੇ ਮੱਦੇਨਜ਼ਰ ਪੰਜਾਬ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਨੇ ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੇ ਨਾਲ ਅੰਮ੍ਰਿਤਸਰ ਜ਼ਿਲ੍ਹੇ ਦੇ ਕਮਿਊਨਿਟੀ ਹੈਲਥ ਸੈਂਟਰ, ਮਾਨਵਾਲਾ ਵਿਖੇ ਇੱਕ ਸੂਬਾਈ ਸ਼ਾਖਾ ਸਥਾਪਿਤ ਕਰਨ ਲਈ ਸਮਝੌਤਾ ਪੱਤਰ ਸਹੀਬੱਧ ਕੀਤਾ ਏ । ਇਹ ਸਮਝੌਤਾ ਪੱਤਰ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਬਲਬੀਰ ਸਿੰਘ ਦੀ ਮੌਜੂਦਗੀ ਵਿੱਚ ਪ੍ਰਮੁੱਖ ਸਕੱਤਰ (ਸਿਹਤ) ਕੁਮਾਰ ਰਾਹੁਲ ਅਤੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ (ਭਾਰਤ ਸਰਕਾਰ) ਦੀ ਸੀਨੀਅਰ ਖੇਤਰੀ ਨਿਰਦੇਸ਼ਕ ਡਾ. ਅਮਰਜੀਤ ਕੌਰ ਦਰਮਿਆਨ ਸਹੀਬੱਧ ਕੀਤਾ ਗਿਆ । ਇਸ ਪ੍ਰੋਜੈਕਟ ਬਾਰੇ ਵੇਰਵੇ ਸਾਂਝੇ ਕਰਦਿਆਂ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ‘’ਸਾਡਾ ਮੁੱਖ ਉਦੇਸ਼ ਰੋਗ ਨਿਗਰਾਨ ਪ੍ਰਣਾਲੀ ਨੂੰ ਬਿਹਤਰ ਬਣਾਉਣਾ, ਬਿਮਾਰੀਆਂ ਦੀ ਜਾਂਚ ਸਮਰੱਥਾਵਾਂ ਵਿੱਚ ਸੁਧਾਰ ਕਰਨਾ ਅਤੇ ਹੈਜ਼ਾ ਜਾਂ ਦਸਤ ਵਰਗੀਆਂ

ਸੰਚਾਰੀ ਬਿਮਾਰੀਆਂ ਸਮੇਤ ਹੋਰ ਸੰਕਟਾਲੀ ਸਥਿਤੀਆਂ ਨਾਲ ਨਜਿੱਠਣ ਲਈ ਫੌਰੀ ਸਿਹਤ ਸਹੂਲਤਾਂ ਵਿੱਚ ਵਾਧਾ ਕਰਨਾ ਹੈ।

-------------------------------------------------------

ਪੰਜਾਬ ਵਿਚ ਪੇਂਡੂ ਅਤੇ ਪਛੜੇ ਖੇਤਰਾਂ ਵਿੱਚ ਸਿਹਤ ਸੰਭਾਲ ਪਹੁੰਚ ਨੂੰ ਹੋਰ ਮਜ਼ਬੂਤ ਕਰਨ ਤਹਿਤ  ਸੂਬੇ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ 10 ਮੋਬਾਈਲ ਮੈਡੀਕਲ ਯੂਨਿਟਾਂ (ਐਮ.ਐਮ.ਯੂਜ਼.) ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਉਨ੍ਹਾਂ ਨਾਲ ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਅਤੇ ਮਾਨਸਾ ਤੇ ਬਠਿੰਡਾ ਜ਼ਿਲ੍ਹਿਆਂ ਦੇ ਵਿਧਾਇਕ ਵੀ ਮੌਜੂਦ ਰਹੇ। ਹੰਸ ਫਾਊਂਡੇਸ਼ਨ ਦੇ ਸਹਿਯੋਗ ਨਾਲ ਸ਼ੁਰੂ ਕੀਤੀਆਂ ਇਨ੍ਹਾਂ ਇਕਾਈਆਂ ਦਾ ਉਦੇਸ਼ ਪੇਂਡੂ ਖੇਤਰਾਂ ਵਿੱਚ ਰਹਿਣ ਵਾਲੇ ਨਾਗਰਿਕਾਂ ਲਈ ਉਹਨਾਂ ਦੇ ਦਰਾਂ ਤੱਕ ਹੀ ਜ਼ਰੂਰੀ ਡਾਕਟਰੀ ਸੇਵਾਵਾਂ ਪਹੁੰਚਾਉਣਾ ਯਕੀਨੀ ਬਣਾਉਣਾ ਏ।

-------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਜ਼ਿਲ੍ਹਾ ਸੰਗਰੂਰ ਦੇ ਪਿੰਡ ਝਾੜੋਂ ਦੇ ਵਸਨੀਕ ਹਰਪ੍ਰੀਤ

ਸਿੰਘ ਨੂੰ ਪੁਲਿਸ ਮੁਲਾਜ਼ਮਾਂ ਖਾਤਰ 10 ਹਜ਼ਾਰ ਰੁਪਏ ਰਿਸ਼ਵਤ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਏ । ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਮੁਲਜ਼ਮ ਨੂੰ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ’ਤੇ ਇੱਕ ਔਰਤ ਦੁਆਰਾ ਦਰਜ ਕਰਵਾਈ ਗਈ ਔਨਲਾਈਨ ਸ਼ਿਕਾਇਤ ਦੀ ਜਾਂਚ ਤੋਂ ਬਾਅਦ ਗ੍ਰਿਫ਼ਤਾਰ ਕੀਤਾ ਗਿਆ ਏ । ਬੁਲਾਰੇ ਨੇ ਅੱਗੇ ਦੱਸਿਆ ਕਿ ਉਕਤ ਮੁਲਜ਼ਮ ਅਤੇ ਏਐਸਆਈ ਜਸਬੀਰ ਸਿੰਘ ਵਿਰੁੱਧ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਏ । ਇਸ ਮਾਮਲੇ ਦੀ ਅਗਲੇਰੀ ਜਾਂਚ ਦੌਰਾਨ ਸਬੰਧਤ ਐਸਐਚਓ ਦੀ ਭੂਮਿਕਾ ਦੀ ਜਾਂਚ ਕੀਤੀ ਜਾਵੇਗੀ।

-----------------------------------------------------

ਪੰਜਾਬ ‘ਚ ਅੱਜ ਪੱਛਮੀ ਗੜਬੜੀ ਸਰਗਰਮ ਹੋ ਰਹੀ ਏ । ਇਸ ਦੇ ਚਲਦਿਆਂ ਜਲੰਧਰ ਸਮੇਤ ਵੱਖ-ਵੱਖ ਜ਼ਿਲ੍ਹਿਆਂ ਵਿਚ ਹਲਕੀ ਬਾਰਿਸ਼ ਜਾਰੀ ਏ । ਪਿਛਲੇ 24 ਘੰਟਿਆਂ ਦੌਰਾਨ ਸੂਬੇ ਦੇ ਔਸਤ ਵੱਧ ਤੋਂ ਵੱਧ ਤਾਪਮਾਨ ਵਿੱਚ 0.6 ਡਿਗਰੀ ਸੈਲਸੀਅਸ ਦਾ ਵਾਧਾ ਦਰਜ ਕੀਤਾ

ਗਿਆ ਏ। ਹਾਲਾਂਕਿ, ਇਹ ਆਮ ਨਾਲੋਂ 2.2 ਡਿਗਰੀ ਸੈਲਸੀਅਸ ਵੱਧ ਏ। ਰਾਜ ਵਿੱਚ ਸਭ ਤੋਂ ਵੱਧ ਤਾਪਮਾਨ ਰੂਪਨਗਰ ਵਿੱਚ 26.7 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਏ। ਮੌਸਮ ਵਿਭਾਗ ਨੇ ਪੰਜਾਬ ਵਿੱਚ 26 ਤੋਂ 28 ਫਰਵਰੀ ਤੱਕ ਮੀਂਹ ਨੂੰ ਲੈ ਕੇ ਯੈਲੋ ਅਲਰਟ ਜਾਰੀ ਕੀਤਾ ਏ।